## **ਸਰਕਾਰੀ ਮੈਡੀਕਲ ਕਾਲਜ ਪਟਿਆਲਾ**

ਨੰ:1(4022)ਈ1/2024/ 5493 ਮਿਤੀ- 16/02/2024

**ਦਫਤਰੀ ਹੁਕਮ**

ਪੰਜਾਬ ਸਰਕਾਰ, ਮੈਡੀਕਲ ਸਿਖਿਆ ਤੇ ਖੋਜ ਵਿਭਾਗ (ਸਿਹਤ-3 ਸ਼ਾਖਾ) ਵੱਲੋਂ ਜਾਰੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਰਾਹੀਂ ਜਾਰੀ ਹਦਾਇਤਾਂ/ਅਧਿਕਾਰਾਂ ਦੇ ਸਨਮੁੱਖ ਇਸ ਦਫਤਰ ਵੱਲੋਂ ਇਸ ਸੰਸਥਾ ਦੇ ਵੱਖ-ਵੱਖ ਵਿਭਾਗਾਂ ਵਿੱਚ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਖਾਲੀ ਆਸਾਮੀਆਂ ਦੀ ਚੋਣ ਕਰਨ ਲਈ ਲੀਡਿੰਗ ਅਖਬਾਰਾਂ ਅਤੇ ਸੰਸਥਾ ਦੀ ਵੈਬ-ਸਾਈਟ ਤੇ ਵਿਗਿਆਪਨ ਨੰ: ਡੀ.ਪੀ.ਆਰ/ਪੀਬੀ/31088 ਅਤੇ ਡੀ.ਪੀ.ਆਰ/ਐਨ.ਏ/12/21111/2023/31088 ਮਿਤੀ: 03.01.2024 ਨੂੰ ਪ੍ਰਕਾਸ਼ਿਤ ਕਰਦੇ ਹੋਏ ਬਿਨੈਕਾਰਾਂ ਪਾਸੋਂ ਸੀਨੀਅਰ ਰੈਜੀਡੈਂਟ ਦੀਆਂ ਖਾਲੀ ਆਸਾਮੀਆਂ ਭਰਨ ਲਈ ਮਿਤੀ 20.01.2024 ਤੱਕ ਅਰਜੀਆਂ ਦੀ ਮੰਗ ਕੀਤੀ ਗਈ ਸੀ। ਨਿਰਧਾਰਿਤ ਮਿਤੀ ਤੱਕ ਬਿਨੈਕਾਰਾਂ ਪਾਸੋਂ ਪ੍ਰਾਪਤ ਅਰਜੀਆਂ ਘੋਖਣ ਉਪਰੰਤ ਅਤੇ ਨਵੰਬਰ-2023 ਦੌਰਾਨ ਅਪੀਅਰ ਹੋਏ ਪੀ.ਜੀ ਵਿਦੀਆਰਥੀਆਂ ਦੀ ਉਨ੍ਹਾਂ ਵੱਲੋ ਪੀ.ਜ਼ੀ ਦੋਰਾਨ ਭਰੇ ਗਏ ਸ਼ਿਓਰਟੀ ਬਾਂਡ ਦੀਆਂ ਸ਼ਰਤਾਂ ਅਨੁਸਾਰ ਸੀਨੀਅਰ ਰੈਜੀਡੈਂਟ ਚੋਣ ਕਰਨ ਲਈ ਇਸ ਸੰਸਥਾ ਦੀ ਸਲੈਕਸ਼ਨ ਕਮੇਟੀ ਵੱਲੋਂ ਕੀਤੀਆਂ ਗਈਆਂ ਸਿਫਾਰਸ਼ਾਂ ਦੇ ਸਨਮੁੱਖ ਯੋਗ ਪਾਏ ਗਏ ਨਿਮਨ ਦਰਸਾਏ ਬਿਨੈਕਾਰਾਂ ਨੂੰ ਉਨ੍ਹਾਂ ਦੇ ਵਿਭਾਗਾਂ ਵਿੱਚ ਇਸ ਸੰਸਥਾ ਵਿਖੇ ਬਤੋਰ ਸੀਨੀਅਰ ਰੈਜੀਡੈਂਟ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਚੁਣਿਆ ਜਾਂਦਾ ਹੈ:-

(1) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਸੀਨੀਅਰ ਰੈਜੀਡੈਂਟ ਡਾਕਟਰ ਦੀ ਚੋਣ ਦੇ ਹੁਕਮ ਇਸ ਸੰਸਥਾ ਦੀ ਵੈਬ ਸਾਈਟ (www.gmcpatiala.edu.in) ਤੇ Upload ਹੋਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਸੰਸਥਾ ਦੇ ਦਫਤਰ ਵਿਖੇ ਹਾਜਰੀ ਰਿਪੋਰਟ ਪੇਸ਼ ਕਰਨਗੇ ਅਤੇ ਜੁਆਇਨਿੰਗ ਸਮਾਂ ਪੂਰਾ ਹੋਣ ਉਪਰੰਤ ਜੁਆਇਨਿੰਗ ਸਮੇ ਵਿਚ ਕਿਸੇ ਵੀ ਤਰ੍ਹਾਂ ਦੇ ਵਾਧੇ ਦੀ ਮੰਗ ਨਹੀਂ ਕੀਤੀ ਜਾਵੇਗੀ।

(2) ਚੁਣੇ ਗਏ ਉਮੀਦਵਾਰ ਦੀ ਜਿਸ ਵਿਭਾਗ ਵਿਚ ਸੀਨੀਅਰ ਰੈਜੀਡੈਂਟ ਚੋਣ ਕੀਤੀ ਗਈ ਹੈ ਉਹ ਅੰਤਿਮ ਹੋਵੇਗੀ।

(3) ਚੁਣੇ ਗਏ ਉਮੀਦਵਾਰਾਂ ਤੇ ਸਰਕਾਰ ਦੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਅਤੇ ਨੋਟੀਫਿਕੇਸ਼ਨ ਮੀਮੋ ਨੰ: ਐਮ.ਈ.ਆਰ-ਐਚ.ਟੀ.ਐਚ307ਏ/125/2021-6 ਐਚ.ਬੀ3/ 2327-32 ਮਿਤੀ 26.08.2022 ਵਿਚ ਦਰਸਾਈਆਂ ਸ਼ਰਤਾਂ/ਨਿਯਮ ਲਾਗੂ ਹੋਣਗੇ।

(4) ਚੁਣੇ ਗਏ ਉਮੀਦਵਾਰ ਨੂੰ ਡਾਕੂਮੈਂਟਸ ਵੈਰੀਫਿਕੇਸ਼ਨ/ਯੋਗਤਾ ਚੈਕ ਕਰਨ ਉਪਰੰਤ ਹੀ ਜੁਆਇੰਨ ਕਰਵਾਇਆ ਜਾਵੇਗਾ ਜੇਕਰ ਉਮੀਦਵਾਰ ਦੇ ਦਸਤਾਵੇਜ਼ ਗਲਤ ਪਾਏ ਜਾਂਦੇ ਹਨ ਜਾਂ ਸੀਨੀਅਰ ਰੈਜੀਡੈਂਸੀ ਦੀ ਯੋਗਤਾ ਪੂਰੀ ਨਹੀਂ ਹੁੰਦੀ ਤਾਂ ਉਸ ਉਮੀਦਵਾਰ ਦੀ ਚੋਣ ਰੱਦ ਸਮਝੀ ਜਾਵੇਗੀ।

(5) ਕੈਟਾਗਰੀ 1 ਤੋ 5 ਤੱਕ ਦੇ ਡਾਕਟਰ ਆਪਣੀ ਜੁਆਇਨਿੰਗ ਸਮੇਂ ਪਿੱਤਰੀ ਵਿਭਾਗ ਤੋਂ ਜਾਰੀ ਫਾਰਮਲ ਐਨ.ਓ.ਸੀ ਪੇਸ਼ ਕਰਨਗੇ ਅਤੇ ਪਿੱਤਰੀ ਵਿਭਾਗ ਪਾਸੋਂ ਫਾਰਮਲ ਐਨ.ਓ.ਸੀ ਪੇਸ਼ ਕਰਨ ਦੀ ਸੂਰਤ ਵਿੱਚ ਹੀ ਹਾਜਰ ਕਰਵਾਇਆ ਜਾਵੇਗਾ।

(6) ਕੈਟਾਗਰੀ 6 ਅਧੀਨ ਚੁਣੇ ਗਏ ਉਮੀਦਵਾਰ ਜਿਨ੍ਹਾਂ ਵੱਲੋਂ ਆਪਣੇ ਪੀ.ਜੀ ਦਾਖਲੇ ਸਮੇ ਪੀ.ਜੀ ਕੋਰਸ ਉਪਰੰਤ ਸਰਕਾਰ ਦੀ ਇਕ/ਦੋ ਸਾਲ ਦੀ ਸੇਵਾ ਕਰਨ ਹਿੱਤ ਸ਼ਿਓਰਟੀ ਬਾਂਡ ਭਰਿਆ ਗਿਆ ਸੀ। ਉਨ੍ਹਾਂ ਉਮੀਦਵਾਰਾਂ ਤੇ ਭਰੇ ਗਏ ਸ਼ਿਓਰਟੀ ਬਾਂਡ ਦੀਆਂ ਸ਼ਰਤਾ ਲਾਗੂ ਹੋਣਗੀਆਂ। ਇਸ ਲਈ ਜੇਕਰ ਸ਼ਿਓਰਟੀ ਬਾਂਡ ਦੀਆਂ ਸ਼ਰਤਾਂ ਅਨੁਸਾਰ ਉਮੀਦਵਾਰਾਂ ਵੱਲੋਂ ਚੋਣ ਉਪਰੰਤ ਆਪਣੀ ਹਾਜਰੀ ਰਿਪੋਰਟ ਇਸ ਸੰਸਥਾ ਵਿਖੇ ਪੇਸ਼ ਨਹੀਂ ਕੀਤੀ ਜਾਂਦੀ ਜਾਂ ਹਾਜਰ ਹੋਣ ਉਪਰੰਤ ਆਪਣੇ ਟੈਨਿਓਰ ਤੋਂ ਪਹਿਲਾਂ ਸੀਨੀਅਰ ਰੈਜੀਡੈਂਸੀ ਛੱਡੀ ਜਾਂਦੀ ਹੈ ਤਾਂ ਉਹ ਸ਼ਿਓਰਟੀ ਬਾਂਡ ਦੀਆਂ ਸ਼ਰਤਾਂ ਅਤੇ ਸਰਕਾਰ ਦੀ ਨੋਟੀਫਿਕੇਸ਼ਨ ਮਿਤੀ 23.08.2022 ਅਨੁਸਾਰ ਬਾਂਡ ਮਨੀ ਭਰਨ ਦੇ ਪਾਬੰਦ ਹੋਣਗੇ।

| S.No. | Name of Doctors | Father Name | Category (1 to 7) | Category-1 to 7 (PCMS, RMO, NHM, Fresh, Bonded) | Tenure of Senior Residents |
|---|---|---|---|---|---|
| Department of Paediatrics | | | | | |
| 1 | Dr. Vasantha Kumar M | Sh. Manokaran M | 6 | All India Quota | 1 |
| 2 | Dr. Parul Goel | Sh. Anand Kumar Goel | 6 | State Quota | 2 |
| Department of Anatomy | | | | | |
| 1 | Dr. Simrat Sandhu | Sh. Satinder Sandhu | 6 | State Quota | 2 |
| Department of Surgery | | | | | |
| 1 | Dr. Ankit Singla | Sh. Bhushan Singla | 6 | All India Quota | 1 |
| 2 | Dr. Gagandeep Kaur | Sh. Palwinder Singh | 6 | State Quota | 2 |
| 3 | Dr. Priyanka Meena | Sh. Gopal Lal Meena | 6 | All India Quota | 1 |

| S.No. | Name of Doctors | Father Name | Category (1 to 7) | Category-1 to 7 (PCMS, RMO, NHM, Fresh, Bonded) | Tenure of Senior Residents |
|---|---|---|---|---|---|
| Department of Radio-Diagnosis | | | | | |
| 1 | Dr. Amit Mehta, Medical Officer, Merit No. 473/SC/2011, Civil Hospital, Hoshiarpur | Sh. Surinder Pal Mehta | 1 | PCMS | 3 |
| Department of Plastic Surgery | | | | | |
| 1 | Dr. Harsh, Medical Officer, Merit No. 191/SC/2013, Civil Hospital, Hoshiarpur | Sh. Rajneesh Kumar | 1 | PCMS | 3 |

16/2/24

ਡਾਇਰੈਕਟਰ ਪ੍ਰਿੰਸੀਪਲ
ਸਰਕਾਰੀ ਮੈਡੀਕਲ ਕਾਲਜ, ਪਟਿਆਲਾ

ਪਿੱ:ਅੰ:ਨੰ:1(4024)ਈ1/2024/ 5494-5515 ਮਿਤੀ- 16/02/2024

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮਾਨਯੋਗ ਸਕੱਤਰ, ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ।
2. ਮਾਨਯੋਗ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ)।
4. ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
5. ਡਾਇਰੈਕਟਰ, ਨੈਸ਼ਨਲ ਹੈਲਥ ਮਿਸ਼ਨ, ਪੰਜਾਬ, ਚੰਡੀਗੜ੍ਹ।
6. ਡਾਇਰੈਕਟਰ, ਰੂਰਲ ਡਿਵੈਲਪਮੈਂਟ ਅਤੇ ਪੰਚਾਇਤ, ਮੋਹਾਲੀ।
7. ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
8. ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), ਸਰਕਾਰੀ ਮੈਡੀਕਲ ਕਾਲਜ, ਪਟਿਆਲਾ।
9. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਦੇ ਪ੍ਰੋਫੈਸਰ ਤੇ ਮੁੱਖੀਆਂ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਉਪਰੋਕਤ ਚੁਣੇ ਗਏ ਉਮੀਦਵਾਰ ਨੂੰ ਸਿੱਧੇ ਤੌਰ ਤੇ ਬਤੌਰ ਸੀਨੀਅਰ ਰੈਜੀਡੈਂਟ ਹਾਜਰ ਨਾ ਕਰਵਾਇਆ ਜਾਵੇ।
10. ਪ੍ਰੋਫੈਸਰ ਤੇ ਮੁੱਖੀ ਕਮ ਚੇਅਰਮੈਨ ਮੈਡੀਕਲ ਬੋਰਡ, ਅਨਾਟਮੀ ਵਿਭਾਗ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।
11. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਵਿਚ ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਪਰੋਕਤ ਡਾਕਟਰਾਂ ਨੂੰ ਇਹ ਹੁਕਮ ਉਹਨਾਂ ਦੀ ਈ.ਮੇਲ ਪਤੇ ਤੇ ਭੇਜੇ ਜਾਂਦੇ ਹਨ।

16/2/24

ਡਾਇਰੈਕਟਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਜ, ਪਟਿਆਲਾ